# Telephone conversation between Prime Minister Shri Narendra Modi and Crown Prince of Abu Dhabi H.H. Sheikh Mohamed bin Zayed Al Nahyan

September 03, 2021

# ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਅਤੇ ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ, ਸ਼ੇਖ ਮੁਹੰਮਦ ਬਿਨ ਜਾਯਦ ਅਲ ਨਾਹਯਾਨ ਦੇ ਦਰਮਿਆਨ ਟੈਲੀਫ਼ੋਨ ਉੱਤੇ ਗੱਲਬਾਤ

3 ਸਤੰਬਰ, 2021

ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਨੇ ਅੱਜ ਦੁਪਹਿਰ ਅਬੂ ਧਾਬੀ ਦੇ ਕ੍ਰਾਊਨ ਪ੍ਰਿੰਸ, ਸ਼ੇਖ ਮੁਹੰਮਦ ਬਿਨ ਜਾਯਦ ਅਲ ਨਾਹਯਾਨ ਦੇ ਨਾਲ ਟੈਲੀਫ਼ੋਨ 'ਤੇ ਗੱਲਬਾਤ ਕੀਤੀ। ਦੋਹਾਂ ਨੇਤਾਵਾਂ ਨੇ ਭਾਰਤ-ਸੰਯੁਕਤ ਅਰਬ ਅਮੀਰਾਤ ਵਿਆਪਕ ਰਣਨੀਤਕ ਸਾਂਝੇਦਾਰੀ ਦੇ ਤਹਿਤ ਵਿਭਿੰਨ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਵਿੱਚ ਨਿਰੰਤਰ ਪ੍ਰਗਤੀ ਦਾ ਸਕਾਰਾਤਮਕ ਤੌਰ 'ਤੇ ਮੁੱਲਾਂਕਣ ਕੀਤਾ। ਪ੍ਰਧਾਨ ਮੰਤਰੀ ਨੇ ਕੋਵਿਡ-19 ਮਹਾਮਾਰੀ ਦੇ ਦੌਰਾਨ ਭਾਰਤੀ ਸਮੁਦਾਇ ਦੇ ਲਈ ਸੰਯੁਕਤ ਅਰਬ ਅਮੀਰਾਤ ਦੇ ਸਮਰਥਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ 1 ਅਕਤੂਬਰ, 2021 ਤੋਂ ਦੁਬਈ ਵਿੱਚ ਆਯੋਜਿਤ ਹੋਣ ਵਾਲੇ ਐਕਸਪੋ -2020 ਦੇ ਲਈ ਵੀ ਸ਼ੁਭਕਾਮਨਾਵਾਂ ਦਿੱਤੀਆਂ।

ਦੋਹਾਂ ਨੇਤਾਵਾਂ ਨੇ ਸਾਂਝੇ ਹਿਤ ਨਾਲ ਜੁੜੇ ਖੇਤਰੀ ਮੁੱਦਿਆਂ 'ਤੇ ਵੀ ਚਰਚਾ ਕਰਦੇ ਹੋਏ ਇਸ ਗੱਲ 'ਤੇ ਵੀ ਸਹਿਮਤੀ ਜਤਾਈ ਕਿ ਦੁਨੀਆ ਵਿੱਚ ਆਤੰਕਵਾਦ ਅਤੇ ਅਤਿਵਾਦ ਦੇ ਲਈ ਕੋਈ ਜਗ੍ਹਾ ਨਹੀਂ ਹੈ। ਦੋਨਾਂ ਨੇਤਾਵਾਂ ਨੇ ਇਸ ਤਰ੍ਹਾਂ ਦੀਆਂ ਤਾਕਤਾਂ ਦੇ ਖ਼ਿਲਾਫ਼ ਅੰਤਰਰਾਸ਼ਟਰੀ ਸਮੁਦਾਇ ਦੇ ਨਾਲ ਮਿਲ ਕੇ ਖੜ੍ਹੇ ਹੋਣ ਦੀ ਮਹੱਤਵ 'ਤੇ ਜ਼ੋਰ ਦਿੱਤਾ।

ਨਵੀਂ ਦਿੱਲੀ
3 ਸਤੰਬਰ, 2021

DISCLAIMER: This is an approximate translation. The original is available in English on MEA’s website and may be referred to as the official press release.